# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18-20**

**ਮਿਤੀ : 22-06-2025**

- ਰਾਸ਼ਟਰੀ ਜਾਂਚ ਏਜੰਸੀ ਨੇ ਪਹਿਲਗਾਮ ਦਹਿਸ਼ਤਗਰਦੀ ਹਮਲੇ ਵਿੱਚ ਸ਼ਾਮਲ ਦਹਿਸ਼ਤਗਰਦਾਂ ਨੂੰ ਪਨਾਹ ਦੇਣ ਦੇ ਦੋਸ਼ ਵਿੱਚ, ਦੋ ਲੋਕਾਂ ਨੂੰ ਕੀਤਾ ਗ੍ਰਿਫ਼ਤਾਰ।
- ਲੁਧਿਆਣਾ ਪੱਛਮੀ ਜ਼ਿਮਨੀ ਚੋਣ ਲਈ ਪਈਆਂ ਵੋਟਾਂ ਦੀ ਗਿਣਤੀ, ਲੁਧਿਆਣਾ ਖਾਲਸਾ ਕਾਲਜ ਵਿਖੇ ਕੱਲ ਸਵੇਰੇ 8 ਵਜੇ ਹੋਵੇਗੀ ਸ਼ੁਰੂ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਗਿਣਤੀ ਕੇਂਦਰ 'ਤੇ ਮਜ਼ਬੂਤ ਸੁਰੱਖਿਆ ਪ੍ਰਬੰਧ ਮੁਕੰਮਲ।
- ਪੰਜਾਬ ਸਰਕਾਰ ਵਲੋਂ ਬਾਲ ਭਿਖਿਆ ਦੇ ਖ਼ਾਤਮੇ ਲਈ, ਟਰੈਫਿਕ ਲਾਈਟਾਂ ਤੇ ਚੌਂਕਾਂ ਉਤੇ ਭੀਖ ਮੰਗਵਾਉਣ ਵਾਲੇ ਗਿਰੋਹ ਖ਼ਿਲਾਫ਼ ਹੋਵੇਗੀ ਕਾਰਵਾਈ, ਵਿਸ਼ੇਸ਼ ਟੀਮਾਂ ਹੋਣਗੀਆਂ ਤਾਇਨਾਤ।

- ਫ਼ਰੀਦਕੋਟ ਦੇ ਗੁਰੂ ਗੋਬਿੰਦ ਸਿੰਘ ਮੈਡੀਕਲ ਹਸਪਤਾਲ ਦੇ ਨਸ਼ਾ ਛੁਡਾਊ ਕੇਂਦਰ ਵਿੱਚੋਂ 18 ਨੌਜ਼ਵਾਨ ਫਰਾਰ- ਪੁਲਿਸ ਨੇ 11 ਕਾਬੂ ਕੀਤੇ, ਬਾਕੀਆਂ ਦੀ ਭਾਲ ਜਾਰੀ।
- ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਉਤਰਾਖੰਡ ਅਤੇ ਰਾਜਸਥਾਨ ਸਮੇਤ ਦੇਸ਼ ਦੇ ਕਈ ਹਿਸਿਆਂ ਵਿੱਚ ਅੱਜ ਭਾਰੀ ਵਰਖਾ ਦੀ ਪੇਸ਼ੀਨਗੋਈ ਕੀਤੀ।

ਹੁਣ ਖਬਰਾਂ ਵਿਸਥਾਰ ਨਾਲ.....

-------------------------------------------------------------------

ਰਾਸ਼ਟਰੀ ਜਾਂਚ ਏਜੰਸੀ-NIA ਨੂੰ ਪਹਿਲਗਾਮ ਦਹਿਸ਼ਤਗਰਦੀ ਹਮਲੇ ਦੀ ਘਟਨਾ ਵਿੱਚ ਵੱਡੀ ਸਫਲਤਾ ਮਿਲੀ ਏ। ਜਾਂਚ ਏਜੰਸੀ ਨੇ ਹਮਲੇ ਵਿੱਚ ਸ਼ਾਮਲ ਦਹਿਸ਼ਤਗਰਦਾਂ ਨੂੰ ਪਨਾਹ ਦੇਣ ਦੇ ਦੋਸ਼ ਵਿੱਚ ਦੋ ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਏ। NIA ਨੇ ਕਿਹਾ ਕਿ ਉਨ੍ਹਾਂ ਵਿੱਚੋਂ ਬਟਕੋਟ ਦੇ ਰਹਿਣ ਵਾਲੇ ਪਰਵੇਜ਼ ਅਹਿਮਦ ਜੋਥਰ ਅਤੇ ਪਹਿਲਗਾਮ ਦੇ ਹਿੱਲ ਪਾਰਕ ਦੇ ਰਹਿਣ ਵਾਲੇ ਬਸ਼ੀਰ ਅਹਿਮਦ ਜੋਥਰ ਨੂੰ ਗ੍ਰਿਫ਼ਤਾਰ ਕੀਤਾ ਗਿਆ ਏ। ਦੋਵਾਂ ਨੇ ਹਮਲੇ ਵਿੱਚ ਸ਼ਾਮਲ ਤਿੰਨ ਹਥਿਆਰਬੰਦ ਦਹਿਸ਼ਤਗਰਦਾਂ ਦੀ ਪਛਾਣ ਦਾ ਖੁਲਾਸਾ ਕੀਤਾ ਏ। ਏਜੰਸੀ ਨੇ ਕਿਹਾ ਹੈ ਕਿ ਸਾਰੇ ਦਹਿਸ਼ਤਗਰਦ ਪਾਕਿਸਤਾਨੀ ਨਾਗਰਿਕ ਸਨ ਅਤੇ ਦਹਿਸ਼ਤਗਰਦੀ ਸਮੂਹ ਲਸ਼ਕਰ-ਏ-ਤੋਇਬਾ ਨਾਲ ਜੁੜੇ ਹੋਏ ਸਨ।

ਐਨ.ਆਈ.ਏ ਦੇ ਅਨੁਸਾਰ, ਇਨ੍ਹਾਂ ਲੋਕਾਂ ਨੇ ਹਮਲੇ ਤੋਂ ਪਹਿਲਾਂ ਜਾਣਬੁੱਝ ਕੇ ਤਿੰਨ ਦਹਿਸ਼ਤਗਰਦਾਂ ਨੂੰ ਹਿੱਲ ਪਾਰਕ ਵਿੱਚ ਪਨਾਹ ਦਿੱਤੀ ਸੀ।

---------------------------------------------------------------------

ਲੁਧਿਆਣਾ ਪੱਛਮੀ ਜ਼ਿਮਨੀ ਚੋਣ ਲਈ ਪਈਆਂ ਵੋਟਾਂ ਦੀ ਗਿਣਤੀ ਲੁਧਿਆਣਾ ਖਾਲਸਾ ਕਾਲਜ ਵਿਖੇ ਕੱਲ ਸਵੇਰੇ 8 ਵਜੇ ਸ਼ੁਰੂ ਹੋਵੇਗੀ ਅਤੇ ਇਸ ਨੂੰ ਪੂਰਾ ਕਰਨ ਲਈ 14 ਗੇੜ ਹੋਣਗੇ। ਅੱਜ ਜਨਰਲ ਆਬਜ਼ਰਵਰ ਰਾਜੀਵ ਕੁਮਾਰ ਅਤੇ ਜ਼ਿਲ੍ਹਾ ਚੋਣ ਅਫਸਰ ਹਿਮਾਂਸ਼ੂ ਜੈਨ ਨੇ ਸੁਚਾਰੂ ਕਾਰਵਾਈ ਨੂੰ ਯਕੀਨੀ ਬਣਾਉਣ ਲਈ ਪ੍ਰਬੰਧਾਂ ਦਾ ਨਿਰੀਖਣ ਕੀਤਾ । ਅਧਿਕਾਰੀਆਂ ਨੇ ਪ੍ਰੀਖਿਆ ਹਾਲ ਦਾ ਜਾਇਜ਼ਾ ਲਿਆ, ਜਿਸ ਵਿੱਚ ਵੋਟਾਂ ਦੀ ਗਿਣਤੀ ਲਈ 14 ਮੇਜ ਅਤੇ ਪੋਸਟਲ ਬੈਲਟ ਅਤੇ ਇਲੈਕਟ੍ਰਾਨਿਕਲ ਟ੍ਰਾਂਸ-ਮਿਟੇਡ ਪੋਸਟਲ ਬੈਲਟ ਸਿਸਟਮ ਵੋਟਾਂ ਲਈ ਨਿਰਧਾਰਤ ਦੋ ਵਾਧੂ ਮੇਜ ਲਗਾਏ ਨੇ । ਇਸ ਤੋਂ ਇਲਾਵਾ ਉਨ੍ਹਾਂ ਨੇ ਕਾਲਜ ਦੇ ਆਡੀਟੋਰੀਅਮ ਵਿੱਚ ਸਥਿਤ ਮੀਡੀਆ ਸੈਂਟਰ ਦਾ ਵੀ ਮੁਲਾਂਕਣ ਕੀਤਾ। ਜ਼ਿਲ੍ਹਾ ਪ੍ਰਸ਼ਾਸਨ ਨੇ ਗਿਣਤੀ ਕੇਂਦਰ 'ਤੇ ਲੋੜੀਂਦੀ ਪੁਲਿਸ ਤਾਇਨਾਤੀ ਦੇ ਨਾਲ ਮਜ਼ਬੂਤ ਸੁਰੱਖਿਆ ਸਮੇਤ ਵਿਆਪਕ ਉਪਾਅ ਲਾਗੂ ਕੀਤੇ ਨੇ । ਸਾਰੇ ਸਬੰਧਤ ਹਿੱਸੇਦਾਰਾਂ ਦੀ ਸਹੂਲਤ ਲਈ ਪਾਰਕਿੰਗ ਪ੍ਰਬੰਧਾਂ ਨੂੰ ਅਨੁਕੂਲ ਬਣਾਉਣ 'ਤੇ ਵਿਸ਼ੇਸ਼ ਧਿਆਨ ਦਿੱਤਾ ਗਿਆ ਏ । ਆਬਜ਼ਰਵਰ ਅਤੇ ਜ਼ਿਲ੍ਹਾ ਚੋਣ ਅਫਸਰ ਨੇ ਪੁਸ਼ਟੀ ਕੀਤੀ ਕਿ ਗਿਣਤੀ

ਪ੍ਰਕਿਰਿਆ ਇੱਕ ਸੁਰੱਖਿਅਤ, ਸ਼ਾਂਤੀਪੂਰਨ ਅਤੇ ਅਨੁਕੂਲ ਮਾਹੌਲ ਵਿੱਚ ਕੀਤੀ ਜਾਵੇਗੀ ਜੋ ਕਿ ਚੋਣ ਇਮਾਨਦਾਰੀ ਨੂੰ ਬਣਾਈ ਰੱਖਣ ਲਈ ਪ੍ਰਸ਼ਾਸਨ ਦੀ ਵਚਨਬੱਧਤਾ ਨੂੰ ਦਰਸਾਉਂਦੀ ਏ ।

-----------------------------------------------------------------------------

ਭਾਰਤ ਵਿਚ ਸੇਵਾ, ਸੁਸ਼ਾਸਨ ਅਤੇ ਗਰੀਬਾਂ ਦੀ ਭਲਾਈ ਦੇ ਸਿਧਾਂਤਾਂ ਸਦਕਾ ਇੱਕ ਦਹਾਕੇ ਵਿਚ ਸ਼ਾਨਦਾਰ ਤਬਦੀਲੀ ਆਈ ਏ I ਪਿਛਲੇ 11 ਸਾਲਾਂ ਵਿਚ ਮੁਖ ਖੇਤਰਾਂ 'ਚ ਸਰਕਾਰ ਦੇ ਉਪਰਾਲਿਆਂ ਬਾਰੇ ਆਕਾਸ਼ਵਾਣੀ ਖਬਰਾਂ ਵਲੋਂ ਇੱਕ ਵਿਸ਼ੇਸ਼ ਲੜੀ ਪੇਸ਼ ਕੀਤੀ ਜਾ ਰਹੀ ਏ I ਅੱਜ, ਅਸੀਂ ਭਾਰਤ ਦੀ ਊਰਜਾ ਕ੍ਰਾਂਤੀ ਸੁਧਾਰਾਂ ਦੇ ਇੱਕ ਦਹਾਕੇ 'ਤੇ ਧਿਆਨ ਕੇਂਦਰਿਤ ਕਰ ਰਹੇ ਹਾਂ -**ਪੇਸ਼ ਏ ਇਕ ਰਿਪੋਰਟ** ।

*ਪਿਛਲੇ ਦਹਾਕੇ ਦੌਰਾਨ, ਭਾਰਤ ਦੇ ਬਿਜਲੀ ਖੇਤਰ ਵਿੱਚ ਤੇਜ਼ੀ ਨਾਲ ਵਾਧਾ ਹੋਇਆ ਏ, ਜੋ ਕਿ ਵਧਦੀ ਮੰਗ, ਵੱਡੇ ਬੁਨਿਆਦੀ ਢਾਂਚੇ ਦੇ ਵਿਕਾਸ ਅਤੇ ਰਵਾਇਤੀ ਅਤੇ ਨਵਿਆਉਣਯੋਗ ਊਰਜਾ ਸਰੋਤਾਂ ਦੋਵਾਂ ਲਈ ਮਜ਼ਬੂਤ ਨੀਤੀਗਤ ਹਮਾਇਤ ਰਾਹੀਂ ਸੰਚਾਲਿਤ ਏ. ਜੂਨ 2025 ਤੱਕ, ਦੇਸ਼ ਦੀ ਕੁੱਲ ਸਥਾਪਿਤ ਬਿਜਲੀ ਸਮਰੱਥਾ 476 ਗੀਗਾਵਾਟ ਤੱਕ ਪਹੁੰਚ ਗਈ ਏ, ਜਿਸ ਵਿੱਚੋਂ ਲਗਭਗ ਅੱਧੀ ਗੈਰ-ਜੈਵਿਕ ਬਾਲਣ ਸਰੋਤਾਂ ਤੋਂ ਏ। ਇਕਲਿਆਂ ਨਵਿਆਉਣਯੋਗ ਊਰਜਾ ਦਾ ਯੋਗਦਾਨ ਹੀ 226 ਗੀਗਾਵਾਟ ਹੋਣ ਨਾਲ, ਭਾਰਤ ਹੁਣ ਵਿਸ਼ਵ ਪੱਧਰ*

*'ਤੇ ਸੂਰਜੀ ਊਰਜਾ ਵਿੱਚ ਤੀਜੇ ਅਤੇ ਪੌਣ ਊਰਜਾ ਸਮਰੱਥਾ ਵਿੱਚ ਚੌਥੇ ਸਥਾਨ 'ਤੇ ਏ। ਦੇਸ਼ ਨੇ ਅਪ੍ਰੈਲ 2018 ਤੱਕ 100 ਪ੍ਰਤੀਸ਼ਤ ਪਿੰਡਾਂ ਦਾ ਬਿਜਲੀਕਰਨ ਪ੍ਰਾਪਤ ਕੀਤਾ ਅਤੇ ਉਦੋਂ ਤੋਂ 2.8 ਕਰੋੜ ਤੋਂ ਵੱਧ ਘਰਾਂ ਨੂੰ ਗਰਿੱਡ ਨਾਲ ਜੋੜਿਆ ਏ। ਪੀਐਮ-ਸੂਰਿਆ ਘਰ ਯੋਜਨਾ ਦੇਸ਼ ਭਰ ਦੇ ਘਰਾਂ ਨੂੰ ਰੌਸ਼ਨ ਕਰ ਰਹੀ ਏ, ਜਦੋਂ ਕਿ PM-KUSUM ਯੋਜਨਾ ਕਿਸਾਨਾਂ ਨੂੰ ਸੂਰਜੀ ਊਰਜਾ ਨਾਲ ਸਿੰਜਾਈ ਦੀ ਸਹੂਲਤ ਦੇ ਰਹੀ ਏ. ਪੌਣ ਊਰਜਾ ਖੇਤਰ ਦੁੱਗਣੇ ਤੋਂ ਵੀ ਵੱਧ ਹੋ ਗਿਆ ਏ, ਅਤੇ ਪਣ-ਬਿਜਲੀ, ਬਾਇਓਮਾਸ ਅਤੇ ਪ੍ਰਮਾਣੂ ਊਰਜਾ ਵਿੱਚ ਸਮਰੱਥਾਵਾਂ ਲਗਾਤਾਰ ਵਧ ਰਹੀਆਂ ਨੇ. ਇਸ ਦੇ ਨਾਲ ਹੀ, ਭਾਰਤ ਦੇ ਕੋਲਾ ਖੇਤਰ 'ਚ ਰਿਕਾਰਡ ਉਤਪਾਦਨ ਪੱਧਰ ਪ੍ਰਾਪਤ ਕੀਤੇ ਅਤੇ ਦਰਾਮਦ ਨਿਰਭਰਤਾ ਨੂੰ ਕਾਫੀ ਘਟਾਇਆ ਏ। ਰਾਸ਼ਟਰੀ Green Hydrogen Mission ਤੋਂ ਲੈ ਕੇ ਅੰਤਰਰਾਸ਼ਟਰੀ ਸੂਰਜੀ ਗਠਜੋੜ ਤੱਕ, ਭਾਰਤ ਨਾ ਸਿਰਫ਼ ਆਪਣੀਆਂ ਊਰਜਾ ਜ਼ਰੂਰਤਾਂ ਨੂੰ ਪੂਰਾ ਕਰ ਰਿਹਾ ਏ, ਸਗੋਂ ਇੱਕ ਸਾਫ਼,ਤੇ ਹਰੇ-ਭਰੇ ਭਵਿੱਖ ਵੱਲ ਵੀ ਵਧ ਰਿਹਾ ਏ।*

---------------------------------------------------------------------

ਈਰਾਨ ਨੇ ਆਪਣੇ ਪ੍ਰਮਾਣੂ ਟਿਕਾਣਿਆਂ 'ਤੇ ਅਮਰੀਕੀ ਫੌਜੀ ਹਮਲਿਆਂ ਦੀ ਸਖ਼ਤ ਨਿੰਦਾ ਕੀਤੀ ਏ ਅਤੇ ਇਸਨੂੰ ਅੰਤਰ-ਰਾਸ਼ਟਰੀ ਕਾਨੂੰਨ ਅਤੇ ਸੰਯੁਕਤ ਰਾਸ਼ਟਰ ਚਾਰਟਰ ਦੀ ਉਲੰਘਣਾ ਕਿਹਾ ਏ। ਈਰਾਨ ਦੇ ਵਿਦੇਸ਼

ਮੰਤਰਾਲੇ ਨੇ ਇਨ੍ਹਾਂ ਹਮਲਿਆਂ ਨੂੰ ਹਮਲਾਵਰਤਾ ਦੀ ਇੱਕ ਬੇਰਹਿਮ ਕਾਰਵਾਈ ਦੱਸਿਆ ਏ  ਅਤੇ ਇਸਦੇ ਨਤੀਜਿਆਂ ਲਈ ਅਮਰੀਕਾ ਨੂੰ ਪੂਰੀ ਤਰ੍ਹਾਂ ਜ਼ਿੰਮੇਵਾਰ ਠਹਿਰਾਇਆ ਏ । ਈਰਾਨ ਦੇ ਵਿਦੇਸ਼ ਮੰਤਰੀ ਸਈਦ ਅੱਬਾਸ ਅਰਾਘਚੀ ਨੇ ਦੇਸ਼ ਦੇ ਤਿੰਨ ਪ੍ਰਮਾਣੂ ਪਲਾਂਟਾਂ 'ਤੇ ਅਮਰੀਕੀ ਫੌਜੀ ਹਮਲਿਆਂ ਦੀ ਸਖ਼ਤ ਨਿੰਦਾ ਕੀਤੀ ਏ । ਈਰਾਨ ਸਰਕਾਰ ਨੇ ਸੰਯੁਕਤ ਰਾਸ਼ਟਰ, ਆਪਣੀ ਸੁਰੱਖਿਆ ਪ੍ਰੀਸ਼ਦ ਅਤੇ ਅੰਤਰ-ਰਾਸ਼ਟਰੀ ਪਰਮਾਣੂ ਊਰਜਾ ਏਜੰਸੀ ਨੂੰ ਇਸ ਮਾਮਲੇ ਵਿੱਚ ਤੁਰੰਤ ਕਾਰਵਾਈ ਕਰਨ ਦੀ ਅਪੀਲ ਕੀਤੀ ਏ ।

-----------------------------------------------------------------------

ਅੰਤਰ-ਰਾਸ਼ਟਰੀ ਪਰਮਾਣੂ ਊਰਜਾ ਏਜੰਸੀ ਨੇ ਈਰਾਨ ਦੀ ਗੰਭੀਰ ਸਥਿਤੀ ਦੇ ਮੱਦੇਨਜ਼ਰ ਕੱਲ੍ਹ ਇੱਕ ਹੰਗਾਮੀ  ਮੀਟਿੰਗ ਬੁਲਾਈ ਏ । ਏਜੰਸੀ ਦੇ ਮੁਖੀ ਰਾਫੇਲ ਗ੍ਰੋਸੀ ਨੇ ਅੱਜ ਸੋਸ਼ਲ ਮੀਡੀਆ 'ਤੇ ਇੱਕ ਪੋਸਟ ਵਿੱਚ ਕਿਹਾ ਕਿ ਉਹ ਈਰਾਨ ਦੇ ਪ੍ਰਮਾਣੂ ਟਿਕਾਣਿਆਂ  'ਤੇ ਅਮਰੀਕੀ ਫੌਜੀ ਹਮਲਿਆਂ ਤੋਂ ਬਾਅਦ ਏਜੰਸੀ ਦੇ ਬੋਰਡ ਆਫ਼ ਗਵਰਨਰਜ਼ ਦੀ ਇੱਕ ਐਮਰਜੈਂਸੀ ਮੀਟਿੰਗ ਬੁਲਾ ਰਹੇ ਨੇ ।

-----------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਈਰਾਨੀ ਰਾਸ਼ਟਰਪਤੀ ਮਸੂਦ ਪੇਜ਼ੇ-ਸ਼ਕੀਅਨ ਨਾਲ ਗੱਲ ਕੀਤੀ ਅਤੇ ਈਰਾਨ ਅਤੇ ਇਜ਼ਰਾਈਲ

ਵਿਚਕਾਰ ਹਾਲ ਹੀ ਵਿੱਚ ਹੋਏ ਤਣਾਅ 'ਤੇ ਡੂੰਘੀ ਚਿੰਤਾ ਪ੍ਰਗਟ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਮੌਜੂਦਾ ਸਥਿਤੀ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ। ਪ੍ਰਧਾਨ ਮੰਤਰੀ ਮੋਦੀ ਨੇ ਤਣਾਅ ਨੂੰ ਤੁਰੰਤ ਘਟਾਉਣ ਅਤੇ ਗੱਲਬਾਤ ਅਤੇ ਕੂਟਨੀਤੀ ਰਾਹੀਂ ਖੇਤਰੀ ਸ਼ਾਂਤੀ, ਸੁਰੱਖਿਆ ਅਤੇ ਸਥਿਰਤਾ ਦੀ ਬਹਾਲੀ ਦਾ ਸੱਦਾ ਦਿੱਤਾ।

---

ਪੰਜਾਬ ਸਰਕਾਰ, ਬੱਚਿਆਂ ਨੂੰ ਭੀਖ ਮੰਗਣ ਦੀ ਅਲਾਮਤ ਤੋਂ ਬਚਾਉਣ ਲਈ, ਬੇਹਦ ਸੰਵੇਦਨਸ਼ੀਲ ਏ ਅਤੇ ਸਖ਼ਤ ਰਵੱਈਆ ਅਪਣਾ ਰਹੀ ਏ। ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਐਲਾਨ ਕੀਤਾ ਏ ਕਿ ਭੀਖ ਮੰਗਣ ਤੋਂ ਰੋਕਣ ਬਾਰੇ ਐਕਟ (1971) ਵਿੱਚ ਸੋਧਾਂ ਕੀਤੀਆਂ ਜਾਣਗੀਆਂ, ਜਿਨ੍ਹਾਂ ਰਾਹੀਂ ਲਾਲ ਬੱਤੀਆਂ ਅਤੇ ਚੌਂਕਾਂ 'ਤੇ ਬਚਿਆਂ ਤੋਂ ਭੀਖ ਮੰਗਵਾਉਣ ਵਾਲਿਆਂ ਵਿਰੁੱਧ ਸਖ਼ਤ ਸਜ਼ਾਵਾਂ ਅਤੇ ਭਾਰੀ ਜੁਰਮਾਨਿਆਂ ਦਾ ਪ੍ਰਬੰਧ ਕੀਤਾ ਜਾਵੇਗਾ।

**ਵੇਰਵੇ ਨਾਲ ਇੱਕ ਰਿਪੋਰਟ**

*ਡਾ. ਬਲਜੀਤ ਕੌਰ ਨੇ ਚੰਡੀਗੜ੍ਹ 'ਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਏ ਕਿ ਜੁਲਾਈ 2024 ਤੋਂ ਸਾਰੇ ਜ਼ਿਲ੍ਹਿਆਂ 'ਚ ਨਾਬਾਲਿਗਾਂ ਪ੍ਰਤੀ ਨਿਆਂ ਬਾਰੇ ਕਾਨੂੰਨ ਤਹਿਤ 'ਪ੍ਰੋਜੈਕਟ ਜੀਵਨਜੋਤ' ਚਲਾਇਆ ਜਾ ਰਿਹਾ ਏ, ਜਿਸ ਤਹਿਤ ਹੁਣ ਤੱਕ 286 ਬੱਚਿਆਂ ਨੂੰ ਭੀਖ*

*ਮੰਗਣ ਤੋਂ ਬਚਾਇਆ ਗਿਆ ਏ। ਇਨ੍ਹਾਂ ਬੱਚਿਆਂ ਨੂੰ ਹਰ ਤਰ੍ਹਾਂ ਦੀ ਸੁਰੱਖਿਆ, ਦੇਖਭਾਲ ਸਬੰਧੀ ਸੇਵਾਵਾਂ ਪ੍ਰਦਾਨ ਕੀਤੀਆਂ ਜਾਂਦੀਆਂ ਨੇ। ਇਸ ਸਾਲ ਪੰਜਾਬ ਦੇ 5 ਵੱਡੇ ਸ਼ਹਿਰਾਂ ਅਮ੍ਰਿਤਸਰ, ਜਲੰਧਰ, ਲੁਧਿਆਣਾ, ਐਸ.ਏ.ਐਸ. ਨਗਰ ਅਤੇ ਬਠਿੰਡਾ 'ਚ ਅਜ਼ਮਾਇਸ਼ੀ 'ਪ੍ਰੋਜੈਕਟ ਸਮਾਇਲ' ਦੀ ਸ਼ੁਰੂਆਤ ਕੀਤੀ ਜਾਵੇਗੀ। ਇਸ ਰਾਹੀਂ ਸੜਕਾਂ, ਤੇ ਬਜ਼ਾਰਾਂ 'ਚ ਭੀਖ ਮੰਗਦੇ ਬੱਚਿਆਂ ਦੀ ਪਛਾਣ ਕਰਕੇ, ਉਨ੍ਹਾਂ ਦੇ ਡੀ.ਐਨ.ਏ. ਟੈਸਟ ਕਰਵਾਏ ਜਾਣਗੇ, ਤਾਂ ਜੋ ਇਹ ਪਤਾ ਕੀਤਾ ਜਾ ਸਕੇ ਕਿ, ਬੱਚੇ ਕਿਸ ਪਰਿਵਾਰ ਨਾਲ ਸਬੰਧਿਤ ਨੇ ਅਤੇ ਬਾਲ ਜਾਂ ਮਨੁਖੀ ਤਸਕਰੀ ਦੇ ਮਾਮਲੇ ਰੋਕੇ ਜਾ ਸਕਣ। ਮੰਤਰੀ ਨੇ ਇਹ ਵੀ ਦੱਸਿਆ ਕਿ ਪੰਜਾਬ ਸਰਕਾਰ ਨੇ ਭੀਖ ਮੰਗਵਾਉਣ ਵਾਲੇ ਰੈਕਟਾਂ ਦਾ ਪਤਾ ਲਗਾਉਣ ਲਈ, ਪੁਲਿਸ ਪ੍ਰਸ਼ਾਸਨ ਦੇ ਨਾਲ ਤਾਲਮੇਲ ਕਰਕੇ ਵਿਸ਼ੇਸ਼ ਟੀਮਾਂ ਬਣਾਉਣ ਦਾ ਫੈਸਲਾ ਕੀਤਾ ਏ। ਇਹ ਟੀਮਾਂ ਬੱਚਿਆਂ ਨੂੰ ਰੈਸਕਿਊ ਕਰਕੇ ਉਹਨਾਂ ਦੇ ਮੁੜਵਸੇਬੇ ਲਈ, ਸਰਕਾਰੀ ਯੋਜਨਾਵਾਂ ਅਧੀਨ ਸਹੀਂ ਇਲਾਜ, ਸਿੱਖਿਆ ਅਤੇ ਰਿਹਾਇਸ਼ ਉਪਲਬਧ ਕਰਵਾਉਣਗੀਆਂ। ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਲਈ ਮੈਂ ਸਰਬਜੀਤ ਕੋਰ.*

-----------------------------------------------------------------

ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਇੱਕ ਭਾਰਤੀ ਫੌਜ ਦੇ ਜਵਾਨ ਅਤੇ ਉਸਦੇ ਸਹਿਯੋਗੀ ਨੂੰ ਪਾਕਿਸਤਾਨ ਦੀ ਇੰਟਰ-ਸਰਵਿਸਿਜ਼ ਇੰਟੈਲੀਜੈਂਸ

ISI ਨਾਲ ਜੁੜੀਆਂ ਜਾਸੂਸੀ ਗਤੀਵਿਧੀਆਂ ਦੇ ਸ਼ੱਕ ਵਿੱਚ ਗ੍ਰਿਫਤਾਰ ਕੀਤਾ ਏ l ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਅੱਜ ਚੰਡੀਗੜ੍ਹ 'ਚ ਦਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਅੰਮ੍ਰਿਤਸਰ ਦੇ ਧਾਰੀਵਾਲ ਵਾਸੀ ਗੁਰਪ੍ਰੀਤ ਸਿੰਘ ਉਰਫ਼ ਗੋਪੀ ਫੋਜੀ ਜੋ ਮੌਜੂਦਾ ਸਮੇਂ ਵਿੱਚ ਭਾਰਤੀ ਫੌਜ ਵਿੱਚ ਸੇਵਾ ਨਿਭਾ ਰਿਹਾ ਏ ਅਤੇ ਉਸਦੇ ਸਾਥੀ ਧਾਰੀਵਾਲ ਦੇ ਹੀ ਸਾਹਿਲ ਮਸੀਹ ਉਰਫ਼ ਸ਼ਾਲੀ ਵਜੋਂ ਹੋਈ ਏ । DGP ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਿਆ ਏ ਕਿ ਗੁਰਪ੍ਰੀਤ ਸਿੰਘ ਪਾਕਿਸਤਾਨੀ ਆਈ.ਐਸ.ਆਈ ਦੇ ਕਾਰਕੁਨਾਂ ਨਾਲ ਸਿੱਧੇ ਸੰਪਰਕ ਵਿੱਚ ਸੀ ਅਤੇ ਉਸ 'ਤੇ ਪੈੱਨ ਡਰਾਈਵ ਰਾਹੀਂ ਸੰਵੇਦਨਸ਼ੀਲ ਅਤੇ ਗੁਪਤ ਜਾਣਕਾਰੀ ਸਾਂਝੀ ਕਰਨ ਦਾ ਸ਼ੱਕ ਏ l ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਸ਼ਾਮਲ ਮੁੱਖ ਆਈ.ਐਸ.ਆਈ ਹੈਂਡਲਰ ਦੀ ਪਛਾਣ ਰਾਣਾ ਜਾਵੇਦ ਵਜੋਂ ਹੋਈ ਏ । ਦੋਵਾਂ ਮੁਲਜ਼ਮਾਂ ਦੇ ਕਬਜ਼ੇ ਵਿੱਚੋਂ ਵਰਚੁਅਲ ਨੰਬਰਾਂ ਵਾਲੇ ਦੋ ਮੋਬਾਈਲ ਫੋਨ ਬਰਾਮਦ ਕੀਤੇ ਗਏ ਨੇ ਜਿਨ੍ਹਾਂ ਦੀ ਵਰਤੋਂ ਕਥਿਤ ਤੌਰ 'ਤੇ ਆਈ.ਐਸ.ਆਈ ਕਾਰਕੁਨਾਂ ਨਾਲ ਗੱਲਬਾਤ ਕਰਨ ਲਈ ਕੀਤੀ ਜਾਂਦੀ ਸੀ। ਉਨ੍ਹਾਂ ਕਿਹਾ ਕਿ ਜਾਸੂਸੀ-ਅੱਤਵਾਦ ਦੇ ਵਿਆਪਕ ਨੈੱਟਵਰਕ ਨੂੰ ਖਤਮ ਕਰਨ ਅਤੇ ਇਸ ਮਾਮਲੇ ਵਿੱਚ ਸਾਰੇ ਸਹਿਯੋਗੀਆਂ ਦੀ ਪਛਾਣ ਕਰਨ ਲਈ ਹੋਰ ਜਾਂਚ ਕੀਤੀ ਜਾ

ਰਹੀ ਏ। ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਵੱਖ ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਗਿਆ ਏ।

---------------------------------------------------------------------

ਫ਼ਰੀਦਕੋਟ ਦੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਹਸਪਤਾਲ ’ਚ ਚਲਾਏ ਜਾ ਰਹੇ ਸਰਕਾਰੀ ਨਸ਼ਾ ਛੁਡਾਊ ਕੇਂਦਰ 'ਚ ਦਾਖਲ ਨੌਜਵਾਨ ਅੱਜ ਫਰਾਰ ਹੋ ਗਏ। ਹਾਲਾਂਕਿ, ਸੂਚਨਾ ਮਿਲਣ ਤੋਂ ਤੁਰੰਤ ਬਾਅਦ ਪੁਲਿਸ ਪ੍ਰਸ਼ਾਸਨ ਨੇ ਫਰਾਰ 18 ਨੌਜਵਾਨਾਂ ’ਚੋਂ 11 ਨੂੰ ਫੜ ਕੇ ਉਨ੍ਹਾਂ ਨੂੰ ਦੁਬਾਰਾ ਨਸ਼ਾ ਛੁਡਾਊ ਕੇਂਦਰ ’ਚ ਦਾਖਲ ਕਰਵਾ ਦਿੱਤਾ, ਜਦੋਂ ਕਿ ਬਾਕੀਆਂ ਦੀ ਭਾਲ ਲਈ ਛਾਪੇਮਾਰੀ ਕੀਤੀ ਜਾ ਰਹੀ ਏ। ਫਰੀਦਕੋਟ ਤੋਂ ਸਾਡੇ ਪਤਰਕਾਰ ਤਰਸੇਮ ਚਾਨਣਾ ਨੇ ਦਸਿਆ ਏ ਕਿ ਜ਼ਿਲ੍ਹਾ ਪੁਲਿਸ ਵੱਲੋਂ ਨਸ਼ਾ ਵਿਰੋਧੀ ਮੁਹਿੰਮ ਤਹਿਤ ਵੱਖ-ਵੱਖ ਥਾਵਾਂ ਤੋਂ ਨਸ਼ੇ ਦੇ ਆਦੀ ਨੌਜਵਾਨਾਂ ਨੂੰ ਉਨ੍ਹਾਂ ਦੇ ਪਰਿਵਾਰਾਂ ਤੋਂ ਸਹਿਮਤੀ ਲੈਣ ਤੋਂ ਬਾਅਦ ਇਲਾਜ ਲਈ, ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਹਸਪਤਾਲ ਦੇ ਨਸ਼ਾ ਛੁਡਾਊ ਕੇਂਦਰ ’ਚ ਦਾਖਲ ਕਰਵਾਇਆ ਜਾ ਰਿਹਾ ਏ। ਪਿਛਲੇ ਦਿਨੀਂ ਮੁੱਖ ਮੰਤਰੀ ਦੇ ਮੀਡੀਆ ਸਲਾਹਕਾਰ ਬਲਤੇਜ ਸਿੰਘ ਪੰਨੂ ਨੇ ਡਿਪਟੀ ਕਮਿਸ਼ਨਰ ਤੇ ਐਸ.ਐਸ.ਪੀ ਦੇ ਨਾਲ ਮਿਲ ਕੇ ਕੇਂਦਰ ਦਾ ਨਿਰੀਖਣ ਵੀ ਕੀਤਾ ਸੀ। ਪਰ, ਕੇਂਦਰ ’ਚ ਦਾਖਲ ਹੋਏ 18 ਨੌਜਵਾਨ ਉੱਥੇ ਤਾਇਨਾਤ ਸਟਾਫ ਤੇ ਸੁਰੱਖਿਆ ਗਾਰਡਾਂ ਨੂੰ ਚਕਮਾ ਦੇ ਕੇ ਫਰਾਰ

ਹੋ ਗਏ। ਬਾਕੀ ਨੌਜਾਵਨਾਂ ਦੀ ਭਾਲ ਲਈ ਸਬੰਧਤ ਥਾਣਿਆਂ ਦੇ ਐਸ.ਐਚ.ਓਜ਼ ਨੂੰ ਨਿਰਦੇਸ਼ ਜਾਰੀ ਕੀਤੇ ਗਏ ਨੇ ।

---------------------------------------------------------------------

ਮੌਸਮ ਵਿਭਾਗ ਨੇ ਅਗਲੇ 24 ਘੰਟਿਆਂ ਵਿੱਚ ਗੁਰਦਾਸਪੁਰ, ਹੁਸ਼ਿਆਰਪੁਰ, ਪਠਾਨਕੋਟ ਵਿੱਚ ਕੁਝ ਥਾਵਾਂ 'ਤੇ ਗਰਜ ਨਾਲ ਦਰਮਿਆਨੀ ਤੋਂ ਭਾਰੀ ਬਾਰਿਸ਼ ਹੋਣ ਦੀ ਪੇਸ਼ੀਨਗੋਈ ਕੀਤੀ ਏ । ਅੱਜ ਜਲੰਧਰ ਤੇ ਅੰਮ੍ਰਿਤਸਰ ਸਮੇਤ ਹੋਰਨਾਂ ਕੁਝ ਥਾਵਾਂ 'ਤੇ ਹਲਕੀ ਵਰਖਾ ਹੋਣ ਨਾਲ, ਮੌਸਮ ਵਿਚ ਤਬਦੀਲੀ ਆਈ ਅਤੇ ਲੋਕਾਂ ਨੂੰ ਗਰਮੀ ਤੋਂ ਰਾਹਤ ਵੀ ਮਿਲੀ । ਫਿਲਹਾਲ ਜਲੰਧਰ, ਮੁਹਾਲੀ, ਮਾਨਸਾ, ਪਠਾਨਕੋਟ, ਤੇ ਫਾਜ਼ਿਲਕਾ ਸਮੇਤ ਹੋਰਨਾਂ ਕਈ ਜ਼ਿਲਿਆਂ ਵਿਚ ਬੱਦਲਵਾਈ ਬਣੀ ਹੋਈ ਏ ਅਤੇ ਠੰਢੀਆਂ ਹਵਾਵਾਂ ਵੱਗ ਰਹੀਆਂ ਨੇ ।

- ਰਾਸ਼ਟਰੀ ਜਾਂਚ ਏਜੰਸੀ ਨੇ ਪਹਿਲਗਾਮ ਦਹਿਸ਼ਤਗਰਦੀ ਹਮਲੇ ਵਿੱਚ ਸ਼ਾਮਲ ਦਹਿਸ਼ਤਗਰਦਾਂ ਨੂੰ ਪਨਾਹ ਦੇਣ ਦੇ ਦੋਸ਼ ਵਿੱਚ, ਦੋ ਲੋਕਾਂ ਨੂੰ ਕੀਤਾ ਗ੍ਰਿਫ਼ਤਾਰ ।
- ਲੁਧਿਆਣਾ ਪੱਛਮੀ ਜ਼ਿਮਨੀ ਚੋਣ ਲਈ ਪਈਆਂ ਵੋਟਾਂ ਦੀ ਗਿਣਤੀ, ਲੁਧਿਆਣਾ ਖਾਲਸਾ ਕਾਲਜ ਵਿਖੇ ਕੱਲ ਸਵੇਰੇ 8 ਵਜੇ

ਹੋਵੇਗੀ ਸ਼ੁਰੂ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਗਿਣਤੀ ਕੇਂਦਰ 'ਤੇ ਮਜ਼ਬੂਤ ਸੁਰੱਖਿਆ ਪ੍ਰਬੰਧ ਮੁਕੰਮਲ।

- ਪੰਜਾਬ ਸਰਕਾਰ ਵਲੋਂ ਬਾਲ ਭਿਖਿਆ ਦੇ ਖ਼ਾਤਮੇ ਲਈ, ਟਰੈਫਿਕ ਲਾਈਟਾਂ ਤੇ ਚੌਂਕਾਂ ਉਤੇ ਭੀਖ ਮੰਗਵਾਉਣ ਵਾਲੇ ਗਿਰੋਹ ਖ਼ਿਲਾਫ਼ ਹੋਵੇਗੀ ਕਾਰਵਾਈ, ਵਿਸ਼ੇਸ਼ ਟੀਮਾਂ ਹੋਣਗੀਆਂ ਤਾਇਨਾਤ।
- ਫ਼ਰੀਦਕੋਟ ਦੇ ਗੁਰੂ ਗੋਬਿੰਦ ਸਿੰਘ ਮੈਡੀਕਲ ਹਸਪਤਾਲ ਦੇ ਨਸ਼ਾ ਛੁਡਾਊ ਕੇਂਦਰ ਵਿੱਚੋਂ 18 ਨੌਜ਼ਵਾਨ ਫਰਾਰ- ਪੁਲਿਸ ਨੇ 11 ਕਾਬੂ ਕੀਤੇ, ਬਾਕੀਆਂ ਦੀ ਭਾਲ ਜਾਰੀ।
- ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਉਤਰਾਖੰਡ ਅਤੇ ਰਾਜਸਥਾਨ ਸਮੇਤ ਦੇਸ਼ ਦੇ ਕਈ ਹਿਸਿਆਂ ਵਿੱਚ ਅੱਜ ਭਾਰੀ ਵਰਖਾ ਦੀ ਪੇਸ਼ੀਨਗੋਈ ਕੀਤੀ।

**ਇਸਦੇ ਨਾਲ**

**ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬ ਰਾਂ ਦਾ ਅਗਲਾ ਬੁਲੇਟਿਨ ਤੁਸੀਂ**

**ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ!**